## ਪ੍ਰਸ਼ਾਸਨਿਕ ਅਧਿਕਾਰੀਆਂ ਨੇ ਅਨਾਜ ਮੰਡੀਆਂ ਅੰਦਰ ਖਰੀਦ ਪ੍ਰਬੰਧਾਂ ਦਾ ਲਿਆ ਜਾਇਜ਼ਾ



**ਡੀ.ਸੀ ਅਤੇ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਦਾਣਾ ਮੰਡੀ ਦਾ ਕੀਤਾ ਦੌਰਾ**

ਸ੍ਰੀ ਮੁਕਤਸਰ ਸਾਹਿਬ ( ) ਸ੍ਰੀ ਰਾਜੇਸ਼ ਤ੍ਰਿਪਾਠੀ ਡਿਪਟੀ ਕਮਿਸ਼ਨਰ ਅਤੇ ਸ੍ਰੀ ਤੁਸ਼ਾਰ ਗੁਪਤਾ ਆਈ.ਪੀ.ਐਸ. ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਖਰੀਦ ਪ੍ਰਬੰਧਾਂ ਨੂੰ ਲੈ ਕੇ ਅਨਾਜ ਮੰਡੀ ਸ੍ਰੀ ਮੁਕਤਸਰ ਸਾਹਿਬ ਅਤੇ ਦੋਦਾ ਦਾ ਦੌਰਾ ਕੀਤਾ। ਇਸ ਮੌਕੇ ਚੱਲ ਰਹੀ ਖਰੀਦ ਪ੍ਰਕਿਰਿਆ ਦਾ ਜਾਇਜ਼ਾ ਲਿਆ ਅਤੇ ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਖਰੀਦ ਪ੍ਰਕਿਰਿਆ ਦੌਰਾਨ ਕਿਸਾਨਾਂ ਨੂੰ ਕੋਈ ਪ੍ਰੇਸ਼ਾਨੀ ਨਹੀ ਆਉਣ ਦਿੱਤੀ ਜਾਵੇਗੀ । ਉਨ੍ਹਾਂ ਕਿਹਾ ਕਿ ਅਧਿਕਾਰੀਆਂ ਨੂੰ ਹਦਾਇਤਾਂ ਕੀਤੀਆਂ ਗਈਆ ਹਨ ਕਿ ਝੋਨੇ ਦੀ ਖਰੀਦ ਤੇਜੀ ਨਾਲ ਕੀਤੀ ਜਾਵੇ ਅਤੇ ਅਦਾਇਗੀ ਵੀ ਨਾਲੋ ਨਾਲ ਕਾਰਵਾਈ ਜਾਵੇ। ਮੰਡੀਆਂ ਦੇ ਦੌਰੇ ਦੌਰਾਨ ਉਨ੍ਹਾਂ ਕਿਹਾ ਕਿ ਅਧਿਕਾਰੀਆਂ ਤੇ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਗਏ ਹਨ ਕਿ ਜਿਵੇਂ ਹੀ ਕਿਸਾਨ ਫਸਲ ਮੰਡੀ ਵਿਖੇ ਲੈ ਕੇ ਆਉਂਦਾ ਹੈ ਤਾਂ ਨਾਲੋਂ-ਨਾਲ ਖਰੀਦ ਪ੍ਰਕਿਰਿਆਂ ਅਰੰਭੀ ਜਾਵੇ। ਉਨ੍ਹਾਂ ਨੇ ਇਸ ਸਬੰਧੀ ਅਧਿਕਾਰੀਆਂ ਨੂੰ ਤੇਜੀ ਨਾਲ ਕੰਮ ਕਰਨ ਦੇ ਨਿਰਦੇਸ਼ ਦਿੱਤੇ।